ਵੱਖ-ਵੱਖ ਸਖਸ਼ੀਅਤਾਂ ਵੱਲੋਂ ਮਾ. ਕਰਮਜੀਤ ਸਿੰਘ ਮਠਾਰੂ ਨੂੰ ਸ਼ਰਧਾ ਦੇ ਫੁੱਲ ਭੇਂਟ

ਪੰਜਾਬ ਟਾਇਮਜ਼ ਵਿਸ਼ੇਸ਼

ਭੁਲੱਥ, 25 ਦਸੰਬਰ (ਧਵਨ)- ਕਸਬਾ ਭੁਲੱਥ ਨਿਵਾਸੀ ਮਾ. ਕਰਮਜੀਤ ਸਿੰਘ ਪੁੱਤਰ ਅਮਰ ਸਿੰਘ ਦੀ ਬੀਤੀ 17 ਦਸੰਬਰ ਨੂੰ ਅਚਾਨਕ ਹੋਈ ਮੌਤ ਹੋਣ ਕਰਕੇ ਜਿੱਥੇ ਉਨ੍ਹਾਂ ਦੇ ਪਰਿਵਾਰ ਨੂੰ ਗਹਿਰਾ ਸਦਮਾ ਲੱਗਾ ਉੱਥੇ ਉਨ੍ਹਾਂ ਦੇ ਮਿੱਤਰ ਭਾਈਚਾਰ ਤੇ ਪਿੰਡ ਵਿਚ ਸੋਗ ਦੀ ਲਹਿਰ ਦੇਖੀ ਗਈ। ਇਕ ਨਜਰ 85 ਸਾਲਾਂ ਮਾ. ਕਰਮਜੀਤ ਸਿੰਘ ਮਠਾਰੂ ਦੇ ਜੀਵਨ ਵੱਲ ਮਾਰੀਏ ਤਾਂ ਉਹ ਪੇਸ਼ੇ ਵਜੋਂ ਮਾਸਟਰ ਤੇ ਕਿਸਾਨ ਦੇ ਪੁੱਤਰ ਸਨ। ਉਹ ਹਮੇਸ਼ਾ ਲੋਕਾਂ ਦੇ ਮੁਖਾਤਿਬ ਹੁੰਦੇ ਨੇਕ ਕੰਮ ਤੇ ਰੱਬ ਦੇ ਲੜ ਲੱਗਣ ਦੀ ਪ੍ਰੇਣਾ ਦਿੰਦੇ ਸਨ। ਉਨ੍ਹਾਂ ਤੋਂ ਤਾਲੀਮ ਲੈ ਵੱਡੀ ਗਿਣਤੀ ਵਿਦਿਆਰਥੀ ਸਮਾਜ ਵਿਚ ਉੱਚੇ ਰੁਤਬਿਆ ਤੇ ਬਿਰਾਜਮਾਨ ਅਤੇ ਜਿੰਦਗੀ ਵਿਚ ਸਫਲ ਹੋਏ ਹਨ। ਅੱਜ ਉਨ੍ਹਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਸੰਤਸਰ ਸਾਹਿਬ ਭੁਲੱਥ ਵਿਖੇ ਹੋਈ, ਪਹਿਲਾਂ ਆਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਕੀਰਤਨ ਸਰਵਣ ਹੋਇਆ ਅਤੇ ਫਿਰ ਬੁਲਾਰਿਆ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਅੰਤਿਮ ਅਰਦਾਸ ਵਿਚ ਵੱਡੀ ਗਿਣਤੀ ਲੋਕ ਸ਼ਾਮਲ ਹੋਏ ਅਤੇ ਇਸ ਮੌਕੇ ਹਲਕਾ ਭੁਲੱਥ ਵਿਧਾਇਕ ਸੁਖਪਾਲ ਸਿੰਘ ਖਹਿਰਾ ਦੇ ਸਪੁੱਤਰ ਵਕੀਲ ਮਹਿਤਾਬ ਸਿੰਘ ਖਹਿਰਾ ਤੋਂ ਇਲਾਵਾ ਸੀ. ਅਕਾਲੀ ਆਗੂ ਸੁਖਵੰਤ ਸਿੰਘ ਤੱਖਰ, ਮਾ. ਚਰਨਜੀਤ ਸਿੰਘ ਚੀਮਾ, ਪ੍ਰਿੰ. ਜਸਵੰਤ ਸਿੰਘ, ਡਾ. ਮਾਨ ਸਿੰਘ, ਸਰਪੰਚ ਮਨਜੀਤ ਸਿੰਘ ਭੂਈ ਸ਼ੇਰ ਸਿੰਘ ਵਾਲਾ ਆਪਣੇ ਵਿਚਾਰਾਂ ਨਾਲ ਮਾ. ਕਰਮਜੀਤ ਸਿੰਘ ਮਠਾਰੂ ਨਾਲ ਵਿਚਰਦੇ ਪੱਲ ਸਾਂਝੇ ਕਰਕੇ ਯਾਦ ਕੀਤਾ। ਬੁਲਾਰਿਆ ਵੱਲੋਂ ਮਾ. ਕਰਮਜੀਤ ਸਿੰਘ ਮਠਾਰੂ ਦੇ ਕੰਮਾਂ ਸੁਭਾਅ ਨੇਕ ਦਿਲੀ ਦੀ ਖੂਬ ਪ੍ਰੰਸ਼ਸ਼ਾ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਖਾਸ ਕਰ ਕਿਹਾ ਕਿ ਉਹ ਬਹੁਤ ਸੂਝਵਾਨ ਤੇ ਇਮਾਨਦਾਰ ਸਨ। ਬੁਲਾਰਿਆ ਨੇ ਕਿਹਾ ਕਿ ਮਠਾਰੂ ਪਰਿਵਾਰ ਨਾਲ ਹਮੇਸ਼ਾ ਦੁੱਖ-ਸੁੱਖ ਵੇਲੇ ਮੋਢੇ ਨਾਲ ਮੋਢਾ ਜੋੜ ਖੜ੍ਹੇ ਹਾਂ ਅਤੇ ਮਾ. ਮਠਾਰੂ ਦੀ ਪ੍ਰੇਣਾ ਗੱਲ੍ਹਾਂ ਹਮੇਸ਼ਾ ਯਾਦ ਰਹਿਣਗੀਆਂ। ਆਈਆਂ ਸੰਗਤਾ ਦਾ ਮਠਾਰੂ ਪਰਿਵਾਰ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਧਾਨ ਵੇਦ ਪ੍ਰਕਾਸ਼ ਖੁਰਾਣਾ, ਕੌਂਸਲਰ ਲਕਸ਼ ਚੋਧਰੀ, ਸੁਰਿਦਰ ਕੱਕੜ, ਗੁਰਵਿੰਦਰ ਸਿੰਘ ਬਾਜਵਾ, ਪਲਵਿੰਦਰ ਸਿੰਘ ਭਿੰਡਰ, ਕ੍ਰਿਸ਼ਨ ਲਾਲ ਬੱਬਰ, ਸ਼ਾਮ ਲਾਲ ਸ਼ਰਮਾਂ, ਮਨਜੀਤ ਸਿੰਘ ਭੂਈ, ਤਜਿੰਦਰ ਸਿੰਘ ਕਾਲਾ, ਗੁਰਦੀਪ ਸਿੰਘ, ਰਮਨ ਕੰਡਾ, ਪਰਮਿੰਦਰ ਸਿੰਘ ਬਾਜਵਾ, ਸੁਖਜਿੰਦਰ ਸਿੰਘ ਮੁਲਤਾਨੀ, ਸਰਬਜੀਤ ਸਿੰਘ ਚੀਮਾ, ਬਲਜੀਤ ਸਿੰਘ ਮੱਲੀ, ਸੁਖਦੇਵ ਸਿੰਘ, ਭੁਪਿੰਦਰ ਸਿੰਘ, ਅਮਨਦੀਪ ਸਿੰਘ, ਸਾਬੀ ਲੰਬੜ, ਬਲਵੀਰ ਸਿੰਘ, ਪ੍ਰਿੰ. ਸੁਨੀਲ ਸ਼ਰਮਾ, ਪਰਮਜੀਤ ਸਿੰਘ ਮਠਾਰੂ, ਮਨਜੀਤ ਸਿੰਘ ਰਤਨ, ਮਨਪ੍ਰੀਤ ਸਿੰਘ ਬੱਲ, ਬਲਵਿੰਦਰ ਸਿੰਘ ਕਰਨੈਲ ਗੰਜ, ਚਰਨ ਸਿੰਘ, ਨਵਪ੍ਰੀਤ ਸਿੰਘ ਤੇ ਹੋਰ ਵੱਡੀ ਗਿਣਤੀ ਬੀਬੀਆ ਹਾਜਰ ਸਨ।

ਕ੍ਰਿਸਮਸ ਦੇ ਜਸ਼ਨ 'ਤੇ ਡੀਓਏ, ਸੀਐਨਆਈ ਨੇ ਇਸਾਈਆਂ ਨੂੰ ਸਮਾਜ ਲਈ ਪਰਮੇਸ਼ਵਰ ਦੇ ਪਿਆਰ ਦੇ ਧਾਰਨੀ ਬਣਨ ਦੀ ਅਪੀਲ ਕੀਤੀ

ਪੰਜਾਬ ਟਾਇਮਜ਼ ਵਿਸ਼ੇਸ਼

ਸ੍ਰੀ ਅੰਮ੍ਰਿਤਸਰ ਸਾਹਿਬ, 25 ਦਸੰਬਰ, (ਦਵਾਰਕਾ ਨਾਥ ਰਾਣਾ)-ਕੇਵਲ ਪ੍ਰਮਾਤਮਾ ਦੇ ਪ੍ਰੇਮ ਅਤੇ ਛੋਹ ਨੂੰ ਹੀ ਅੱਜ ਦੇ ਨਿਰਾਸ਼ਾ-ਗ੍ਰਸਤ ਸੰਸਾਰ ਨੂੰ ਸਥਿਰ ਕਰਨ ਵਿਚ ਕਾਰਗਰ ਦੱਸਦੇ ਹੋਏ, ਦ ਮੋਸਟ ਰੈਵ. ਡਾ. ਪੀ.ਕੇ. ਸਮੰਤਰਾਈ, ਬਿਸ਼ਪ, ਡਾਇਓਸਿਸ ਆਫ਼ ਅੰਮ੍ਰਿਤਸਰ (ਡੀ.ਓ.ਏ.), ਚਰਚ ਆਫ਼ ਨਾਰਥ ਇੰਡੀਆ (ਸੀ.ਐਨ.ਆਈ.) ਨੇ ਈਸਾਈ ਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਉਹ ਇਸਦੇ ਧਾਰਨੀ ਬਣਕੇ ਆਪਣੇ ਆਲੇ ਦੁਆਲੇ ਦੀ ਦੁਖੀ ਮਨੁੱਖਤਾ ਨੂੰ ਰਾਹਤ ਪ੍ਰਦਾਨ ਕਰਣ ਦੇ ਜਤਨ ਕਰਣ। ਡੀ.ਓ.ਏ. ਸੀ.ਐਨ.ਆਈ. ਦੇ ਚਰਚਾਂ ਵਿੱਚ ਕ੍ਰਿਸਮਸ ਪ੍ਰਾਰਥਨਾ ਸਭਾਵਾਂ ਵਿੱਚ ਕਲੀਸਿਯਾਵਾਂ ਨੂੰ ਸੰਬੋਧਨ ਕਰਦਿਆਂ, ਬਿਸ਼ਪ ਸਾਮੰਤਰਾਏ ਨੇ ਨਸ਼ਿਆਂ ਅਤੇ ਐਚਆਈਵੀ-ਏਡਜ਼ ਸਮੇਤ ਵੱਖ-ਵੱਖ ਸਮਾਜਿਕ ਮੁੱਦਿਆਂ ਨੂੰ ਇਨ੍ਹਾਂ ਸਮੱਸਿਆਵਾਂ ਦਾ ਕਾਰਨ ਪੀੜਤ ਲੋਕਾਂ ਦੇ ਜੀਵਨਾਂ ਵਿੱਚ ਪਿਆਰ ਅਤੇ ਵਿਸ਼ਵਾਸ ਦੀ ਘਾਟ ਨੂੰ ਦੱਸਿਆ। ÷ਪਿਆਰ ਅਤੇ ਵਿਸ਼ਵਾਸ ਦੀ ਘਾਟ ਅਣਗਿਣਤ ਸਮੱਸਿਆਵਾਂ ਨੂੰ ਜਨਮ ਦਿੰਦੀ ਹੈ ਜੋ ਸ਼ਾਂਤੀ ਭੰਗ ਕਰਨ ਲਈ ਜ਼ਿੰਮੇਵਾਰ ਹੁੰਦੀਆਂ ਹਨ। ਰੱਬ ਦਾ ਪ੍ਰੇਮ ਸ਼ਾਂਤੀ ਸਥਾਪਿਤ ਕਰਦਾ ਹੈ, ਜੋ ਇਸ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ,"ਉਨ੍ਹਾਂ ਨੇ ਕਿਹਾ।ਇਹ ਕਹਿੰਦਿਆਂ ਕਿ ਸ਼ਾਂਤੀ ਕਾਇਮ ਕਰਨਾ ਪਵਿੱਤਰ ਬਾਈਬਲ ਦੀਆਂ ਸਿੱਖਿਆਵਾਂ ਦਾ ਸਾਰ ਹੈ, ਬਿਸ਼ਪ ਸਾਮੰਤਰਾਏ ਨੇ ਈਸਾਈ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਪ੍ਰਭੂ ਯਿਸੂ ਮਸੀਹ ਦੇ ਸੱਦੇ 'ਤੇ ਧਿਆਨ ਦਿੰਦੇ ਹੋਏ ਆਪਣੇ ਲੋੜਵੰਦ ਗੁਆਂਢੀਆਂ ਤੱਕ ਪਹੁੰਚਣ ਅਤੇ ਸ਼ਾਂਤੀ ਕਾਇਮ ਕਰਨ ਵਿੱਚ ਮਦਦ ਕਰਨ। "ਇਹ ਹਰੇਕ ਈਸਾਈ ਦਾ ਨੈਤਿਕ ਅਤੇ ਧਾਰਮਿਕ ਫਰਜ਼ ਹੈ ਕਿ ਉਹ ਸਮਾਜ ਪ੍ਰਤੀ ਰੱਬ ਦੇ ਪਿਆਰ ਦੇ ਨੁਮਾਇੰਦੇ ਵਜੋਂ ਕੰਮ ਕਰੇ ਤਾਂ ਜੋ ਉਹ ਸੰਭਾਵੀ ਤੌਰ 'ਤੇ ਖਤਰਨਾਕ ਸਮਾਜਿਕ ਬੁਰਾਈਆਂ ਅਤੇ ਪ੍ਰਵਿਰਤੀਆਂ ਨੂੰ ਦੂਰ ਕਰਨ ਵਿੱਚ ਮਦਦ ਕਰ ਸਕਣ ਜੋ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਦੀਆਂ ਹਨ। ਇਹੀ ਪ੍ਰਭੂ ਯਿਸੂ ਮਸੀਹ ਨੇ ਕੀਤਾ, ਅਤੇ ਨਿਸ਼ਚਤ ਤੌਰ 'ਤੇ ਉਹ ਚਾਹੁੰਦੇ ਹਨ ਕਿ ਅਸੀਂ ਵੀ ਅਜਿਹਾ ਹੀ ਕਰੀਏ," ਉਨ੍ਹਾਂ ਨੇ ਕਿਹਾ। ਇਸ ਦੌਰਾਨ, 24 ਦਸੰਬਰ ਨੂੰ ਕ੍ਰਿਸਮਿਸ ਦੀ ਪੂਰਵ ਸੰਧਿਆ 'ਤੇ ਡੀਓਏ, ਸੀਐਨਆਈ ਦੇ ਸਾਰੇ ਚਰਚਾਂ ਵਿੱਚ ਅੱਧੀ ਰਾਤ ਦੀ ਪ੍ਰਾਰਥਨਾ ਸਭਾਵਾਂ ਆਯੋਜਤ ਕੀਤੀਆਂ ਗਈਆਂ।

ਨਸ਼ੇ ਦੇ ਆਦੀ 3 ਵਿਅਕਤੀਆਂ ਨੂੰ ਕਰਵਾਇਆ ਗਿਆ ਨਸ਼ਾ ਛੁਡਾਓ ਕੇਂਦਰ ਵਿਖੇ ਭਰਤੀ

ਪੰਜਾਬ ਟਾਇਮਜ਼ ਵਿਸ਼ੇਸ਼

ਸੁਲਤਾਨਪੁਰ ਲੋਧੀ, 25 ਦਸੰਬਰ (ਤਰਸੇਮ ਸਿੰਘ ਬਿੰਦ)- ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਦੀ ਨਸ਼ਿਆਂ ਖਿਲਾਫ ਵਿੱਢੀ ਮੁਹਿਮ ਤਹਿਤ ਨਸ਼ੇ ਦੇ ਆਦੀ 3 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਭਰਤੀ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਐਚ ਓ ਲਖਵਿੰਦਰ ਸਿੰਘ ਬਿੰਦ ਨੇ ਦੱਸਿਆ ਕਿ ਅੱਜ ਪਿੰਡ ਤੋਤੀ ਸਾਈਡ ਤੋਂ ਨਸ਼ੇ ਦੀ ਭਾਲ ਵਿੱਚ ਘੁੰਮਦੇ, ਨਸ਼ੇ ਦੀ ਤੋੜ ਵਿੱਚ 3 ਨੌਜਵਾਨਾਂ ਨੂੰ ਪੁਲਿਸ ਪਾਰਟੀ ਵੱਲੋਂ ਰੋਕ ਕੇ ਪੁੱਛਗਿੱਛ ਕੀਤੀ ਗਈ, ਜਿਹਨਾਂ ਦੱਸਿਆ ਕਿ ਉਹ ਮਾੜੀ ਸੰਗਤ ਵਿਚ ਪੈ ਗਏ ਸਨ ਅਤੇ ਨਸ਼ੇ ਤੇ ਲੱਗ ਗਏ ਸਨ ਅਤੇ ਹੁਣ ਪਿਛਲੇ ਦਿਨਾਂ ਤੋਂ ਸੁਲਤਾਨਪੁਰ ਲੋਧੀ ਪੁਲਿਸ ਵੱਲੋਂ ਤੋਤੀ ਲਾਟੀਆਂਵਾਲ ਪਿੰਡ ਵਿੱਚ ਕੀਤੀ ਗਈ ਸਖਤੀ ਕਾਰਣ ਨਸ਼ਾ ਮਿਲਣਾ ਮੁਸ਼ਕਿਲ ਹੋਇਆ ਪਿਆ ਹੈ। ਉਹਨਾਂ ਕਿਹਾ ਕਿ ਉਹ ਨਸ਼ਾ ਛੱਡਣਾ ਚਾਹੁੰਦੇ ਹਨ। ਐਸ ਐਚ ਓ ਲਖਵਿੰਦਰ ਬਿੰਦ ਨੇ ਦੱਸਿਆ ਕਿ ਇਹਨਾਂ ਵਿਅਕਤੀਆਂ ਨਾਲ ਗੱਲਬਾਤ ਕੀਤੀ ਗਈ ਅਤੇ ਨਸ਼ਾ ਛੱਡਣ ਦੀ ਦਵਾਈ ਖਵਾਉਣ ਲਈ ਨਸ਼ਾ ਛੁਡਾਊ ਕੇਂਦਰ ਵਿਖੇ ਭਰਤੀ ਕਰਵਾਇਆ ਗਿਆ। ਇਸ ਮੌਕੇ ਉਨਾਂ ਹੋਰ ਵੀ ਨਸ਼ੇ ਦੇ ਆਦੀ ਨੌਜਵਾਨਾਂ ਨੂੰ ਜ਼ਿੰਦਗੀ ਦੀ ਨਵੀਂ ਸ਼ੁਰੂਆਤ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਵੀ ਨਸ਼ਾ ਛੱਡ ਕੇ ਚੰਗੇ ਰਸਤੇ ਤੇ ਆਉਣ। ਉਹਨਾਂ ਕਿਹਾ ਕਿ ਨਸ਼ਾ ਛੱਡਣ ਵਾਲੇ ਵਿਅਕਤੀਆਂ ਨੂੰ ਪੁਲਿਸ ਪ੍ਰਸ਼ਾਸਨ ਵੱਲੋਂ ਹਰ ਸੰਭਵ ਸਹਾਇਤਾ ਦਿੱਤੀ ਜਾਵੇਗੀ।

ਵੱਡੇ ਸਾਹਿਬਜ਼ਾਦਿਆ ਦੀ ਸ਼ਹਾਦਤ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ

ਪੰਜਾਬ ਟਾਇਮਜ਼ ਵਿਸ਼ੇਸ਼

ਲੁਧਿਆਣਾ, 25 ਦਸੰਬਰ (ਅਮਰਜੀਤ ਸਿੰਘ ਕਲਸੀ) ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵੱਲੋਂ ਗੁਰਦੁਆਰਾ ਸ਼?ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਅੱਜ ਗੁਰਦੁਆਰਾ ਸਾਹਿਬ ਵਿਖੇ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਜੀ ਦੀ ਸ਼ਹਾਦਤ ਨੂੰ ਸਮਰਪਿਤ ਹਫਤਾਵਾਰੀ ਕੀਰਤਨ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਆਯੋਜਿਤ ਕੀਤੀ ਗਿਆ। ਜਿਸ ਅੰਦਰ ਬੀਬੀ ਕਵੰਲਜੀਤ ਕੌਰ ਮਸਕੀਨ ਸ਼ਾਹਬਾਦ ਮਾਰਕੰਡਾ ਵਾਲਿਆਂ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ।ਇਸ ਤੋ ਪਹਿਲਾਂ ਆਯੋਜਿਤ ਕੀਤੇ ਗਏ ਕੀਰਤਨ ਸਮਾਗਮ ਅੰਦਰ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਸੁਸਾਇਟੀ ਦੇ ਮੁੱਖ ਸੇਵਾਦਾਰ ਭੁਪਿੰਦਰ ਸਿੰਘ ਨੇ ਕਿਹਾ ਕਿ ਸਰਬੰਸ ਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਿੱਥੇ ਜ਼ਬਰ ਤੇ ਜ਼ੁਲਮ ਦਾ ਟਾਕਰਾ ਕਰਦੇ ਹੋਏ ਆਪਣਾ ਸਮੁੱਚਾ ਪਰਿਵਾਰ ਵਾਰ ਦਿੱਤਾ, ਉਥੇ ਨਾਲ ਹੀ ਖਾਲਸਾ ਪੰਥ ਦੀ ਸਿਰਜਣਾ ਕਰਕੇ ਇੱਕ ਨਵੇਂ ਇਨਕਲਾਬ ਦੀ ਸਿਰਜਣਾ ਵੀ ਕੀਤੀ। ਉਹਨਾਂ ਨੇ ਕਿਹਾ ਕਿ ਮੌਜੂਦਾ ਸਮੇਂ ਅੰਦਰ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖ਼ਸ਼ੀ ਵਿਰਾਸਤ ਬਾਣੀ ਤੇ ਬਾਣੇ ਨੂੰ ਸੰਭਾਲਣ ਦੀ ਮੁੱਖ ਜ਼ਰੂਰਤ ਹੈ ਤਾਂ ਹੀ ਹਰ ਬੱਚਾ ਆਪਣੇ ਅੰਦਰ ਗੁਰਸਿੱਖੀ ਵਾਲਾ ਜ਼ਜਬਾ ਪੈਦਾ ਕਰਕੇ ਗੁਰੂ ਵਾਲਾ ਬਣ ਸਕਦਾ ਹੈ । ਕੀਰਤਨ ਸਮਾਗਮ ਅੰਦਰ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ,ਜਤਿੰਦਰਪਾਲ ਸਿੰਘ ਸਲੂਜਾ,ਕਰਨੈਲ ਸਿੰਘ ਬੇਦੀ, ਮਨਜੀਤ ਸਿੰਘ ਟੋਨੀ , ਪ੍ਰਿਤਪਾਲ ਸਿੰਘ , ਭੁਪਿੰਦਰਪਾਲ ਸਿੰਘ ਧਵਨ ,ਬਲਜੀਤ ਸਿੰਘ ਦੂਆ, ਨਵਦੀਪ ਰੀਜ਼ੋਰਟ ਬਲਬੀਰ ਸਿੰਘ ਭਾਟੀਆ, ਸੁਰਿੰਦਰਪਾਲ ਸਿੰਘ ਭੁਟੀਆਨੀ, ਰਜਿੰਦਰ ਸਿੰਘ ਮੱਕੜ, ਬਲਜੀਤ ਸਿੰਘ ਮੱਕੜ, ਐਡਵੋਕੇਟ ਅਮਰਜੀਤ ਸਿੰਘ,ਜੀਤ ਸਿੰਘ, ਗੁਰਵਿੰਦਰ ਸਿੰਘ ਆੜਤੀ, ਸੁਰਿੰਦਰ ਸਿੰਘ ਸਚਦੇਵਾ,ਇੰਦਰਪਾਲ ਸਿੰਘ ਕਾਲੜਾ, ਕਮਲਦੀਪ ਸਿੰਘ ਕਾਲੜਾ,ਹਰਕੀਰਤ ਸਿੰਘ ਬਾਵਾ,ਸਰਪੰਚ ਗੁਰਚਰਨ ਸਿੰਘ,ਏ.ਪੀ ਸਿੰਘ ਅਰੋੜਾ , ਜਗਦੇਵ ਸਿੰਘ ਕਲਸੀ,ਅੱਤਰ ਸਿੰਘ ਮੱਕੜ,ਮਹਿੰਦਰ ਸਿੰਘ ਡੰਗ, ਰਜਿੰਦਰ ਸਿੰਘ ਡੰਗ,ਹਰਮੀਤ ਸਿੰਘ ਡੰਗ,ਅਵਤਾਰ ਸਿੰਘ ਮਿੱਡਾ,ਗੁਰਪ੍ਰੀਤ ਸਿੰਘ ਪ੍ਰਿੰਸ, ਸੁਖਪ੍ਰੀਤ ਸਿੰਘ ਮਨੀ, ਬਾਦਸ਼ਾਹ ਦੀਪ ਸਿੰਘ,ਕਰਨਦੀਪ ਸਿੰਘ,, ਬਲ ਫਤਹਿ ਸਿੰਘ, ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਬਰਸੀ ਸਮਾਗਮ ਦੇ ਪ੍ਰਬੰਧ ਸੁਚਾਰੂ ਢੰਗ ਨਾਲ ਚਲਾਉਣ ਲਈ ਵੱਖ-ਵੱਖ ਪਿੰਡਾਂ ਦੇ ਜਥੇਦਾਰਾਂ ਨੂੰ ਸੌਂਪੀਆਂ ਜ਼ਿੰਮੇਵਾਰੀਆਂ : ਸੰਤ ਬਾਬਾ ਸੁੱਖਾ ਸਿੰਘ ਜੀ

ਪੰਜਾਬ ਟਾਇਮਜ਼ ਵਿਸ਼ੇਸ਼

ਚੋਹਲਾ ਸਾਹਿਬ, 25 ਦਸੰਬਰ (ਭਗਤ ਸਿੰਘ ਸੰਧੂ)- ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ, ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਅਤੇ ਸੰਤ ਬਾਬਾ ਹਾਕਮ ਸਿੰਘ ਜੀ ਨੇ ਅੱਜ ਬਰਸੀ ਸਮਾਗਮ ਦੇ ਸਮੂਹ ਪ੍ਰਬੰਧਾਂ ਬਾਰੇ ਦੱਸਿਆ ਕਿ ਵੱਖ-ਵੱਖ ਜਥੇਦਾਰਾਂ ਨੂੰ ਜਿੰਮੇਵਾਰੀਆਂ ਸੌਂਪੀਆਂ ਹੋਈਆਂ ਹਨ। ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਅਤੇ ਡੇਰਾ ਤਪੋਬਨ ਸਾਹਿਬ (ਨਵਾਂ ਪੜਾਅ) ਵਿਖੇ ਸੰਗਤ ਦੀ ਰਿਹਾਇਸ਼ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਧੁੰਦ ਅਤੇ ਕੜਾਕੇ ਦੀ ਸਰਦੀ ਮੁਤਾਬਕ ਲੋੜੀਂਦੇ ਪ੍ਰਬੰਧਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਸਮੂਹ ਸੇਵਾਦਾਰਾਂ ਨੂੰ ਡਿਊਟੀ ਮੁਤਾਬਕ 24 ਘੰਟੇ ਹਾਜ਼ਰੀ ਯਕੀਨੀ ਬਣਾਉਣ ਲਈ ਹੁਕਮ ਕੀਤੇ ਗਏ ਹਨ। ਉਹਨਾਂ ਦੱਸਿਆ ਕਿ ਦੇਸ਼ਾਂ-ਵਿਦੇਸ਼ਾਂ ਤੋਂ ਹਜ਼ਾਰਾਂ ਸੰਗਤਾਂ ਹਰ ਬਰਸੀ ਸਮਾਗਮ ਵਿਚ ਹਾਜ਼ਰੀਆਂ ਭਰਦੀਆਂ ਹਨ। ਗੁਰਦੁਆਰਾ ਗੁਰਪੁਰੀ ਸਾਹਿਬ, ਵੱਡੀ ਨਹਿਰ ਦੇ ਕਿਨਾਰੇ ਅਤਿ ਰਮਣੀਕ ਜਗ?ਹਾ ਤੇ ਸਥਿਤ ਹੈ। ਸਾਲਾਨਾ ਬਰਸੀ ਸਮਾਗਮ ਵਿਚ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਆਰਜ਼ੀ ਪੁਲਾਂ ਦਾ ਨਿਰਮਾਣ ਕਰਵਾਇਆ ਗਿਆ ਹੈ। ਆਉਣ-ਜਾਣ ਵਾਲੇ ਰਸਤਿਆਂ ਦੀ ਚੰਗੀ ਤਰ੍ਹਾਂ ਸਾਫ-ਸਫਾਈ ਪਿਛਲੇ ਦੋ ਹਫਤਿਆਂ ਤੋਂ ਚੱਲ ਰਹੀ ਹੈ। ਸਰਹਾਲੀ ਤੋਂ ਤੋਂ ਗੁ. ਗੁਰਪੁਰੀ ਸਾਹਿਬ ਤਕ ਸੰਗਤ ਦੇ ਆਉਣ-ਜਾਣ ਵਾਸਤੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਤਾਂ ਕਿ ਆਵਾਜਾਈ ਵਿਚ ਕੋਈ ਮੁਸ਼ਕਿਲ ਨਾ ਆਵੇ। ਦੋਪਹੀਆਅਤੇ ਚਾਰ ਪਹੀਆ ਵਾਹਨਾਂ ਵਾਸਤੇ ਵਿਸ਼ਾਲ ਮੈਦਾਨਾਂ ਵਿਚ ਵੱਖਰੀ-ਵੱਖਰੀ ਪਾਰਕਿੰਗ ਦਾ ਇੰਤਜ਼ਾਮ ਕੀਤਾ ਗਿਆ ਹੈ। ਮੈਡੀਕਲ ਸਹੂਲਤ ਵਜੋਂ ਡਾਕਟਰਾਂ ਦੀ ਟੀਮ 24 ਘੰਟੇ ਹਾਜ਼ਰ ਰਹੇਗੀ। ਉਹਨਾਂ ਦੱਸਿਆ ਕਿ ਸੱਚਖੰਡਵਾਸੀ ਮਹਾਂਪੁਰਖ ਸੰਤ ਬਾਬਾ ਤਾਰਾ ਸਿੰਘ ਜੀ 18 ਪੋਹ 1987 ਨੂੰ ਦਿਨ ਨੂੰ ਦਿਨ ਦੇ ਸਾਢੇ ਗਿਆਰਾਂ ਵਜੇ ਸੱਚਖੰਡ ਪਿਆਨਾ ਕਰ ਗਏ ਸਨ, ਜਿਨ੍ਹਾਂ ਦੀ ਮਿੱ